# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 12-05-2024**

- ਲੋਕ ਸਭਾ ਚੋਣਾਂ ਦੇ ਚੌਥੇ ਗੇੜ ਵਿੱਚ 9 ਸੂਬਿਆਂ ਤੇ ਇੱਕ ਕੇਂਦਰ ਸ਼ਾਸਤ ਪ੍ਰਦੇਸ਼ ਦੀਆਂ 96 ਲੋਕ ਸਭਾ ਸੀਟਾਂ ਉੱਤੇ ਵੋਟਿੰਗ ਭਲਕੇ।
- ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦਾ ਸਿਲਸਿਲਾ 2 ਦਿਨ ਦੀ ਛੁੱਟੀ ਮਗਰੋਂ, ਕੱਲ੍ਹ ਤੋਂ ਫੇਰ ਸ਼ੁਰੂ ਹੋਵੇਗਾ।
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਲੁਧਿਆਣਾ ਤੋਂ ਸੰਸਦ ਮੈਂਬਰ ਰਵਨੀਤ ਸਿੰਘ ਬਿੱਟੂ ਵੱਲੋਂ ਦਰਜ ਸ਼ਿਕਾਇਤ ਬਾਰੇ ਸਥਾਨਕ ਸਰਕਾਰਾਂ ਵਿਭਾਗ ਦੇ ਪ੍ਰਮੁੱਖ ਸਕੱਤਰ ਤੋਂ ਰਿਪੋਰਟ ਮੰਗੀ।
- ਅੱਜ ਦੁਨੀਆ ਭਰ 'ਚ 'ਮਾਂ ਦਿਵਸ' ਮਨਾਇਆ ਜਾ ਰਿਹਾ ਏ।

---

ਲੋਕ ਸਭਾ ਚੋਣਾਂ ਦੇ ਚੌਥੇ ਗੇੜ ਲਈ ਕੱਲ੍ਹ ਹੋਣ ਵਾਲੀ ਵੋਟਿੰਗ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ। 9 ਰਾਜਾਂ ਅਤੇ ਇੱਕ ਕੇਂਦਰ ਸ਼ਾਸਤ ਪ੍ਰਦੇਸ਼ ਦੀਆਂ 96 ਸੀਟਾਂ 'ਤੇ ਭਲਕੇ ਵੋਟਿੰਗ ਹੋਵੇਗੀ।

ਇਸ ਗੇੜ ਵਿੱਚ ਆਂਧਰਾ ਪ੍ਰਦੇਸ਼ ਦੀਆਂ 25, ਤੇਲੰਗਾਨਾ ਦੀਆਂ 17, ਉੱਤਰ ਪ੍ਰਦੇਸ਼ ਦੀਆਂ 13, ਮਹਾਰਾਸ਼ਟਰ ਦੀਆਂ 11, ਮੱਧ ਪ੍ਰਦੇਸ਼ ਅਤੇ ਪੱਛਮੀ ਬੰਗਾਲ ਦੀਆਂ 8-8, ਬਿਹਾਰ ਦੀਆਂ 5, ਝਾਰਖੰਡ ਅਤੇ ਉੜੀਸਾ ਦੀਆਂ 4-4 ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਜੰਮੂ-ਕਸ਼ਮੀਰ ਦੀ ਇਕ ਸੀਟ ਲਈ ਵੋਟਿੰਗ ਹੋਵੇਗੀ ।

---

ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦਾ ਸਿਲਸਿਲਾ ਦੋ ਦਿਨ ਦੀ ਛੁੱਟੀ ਮਗਰੋਂ ਕੱਲ੍ਹ ਤੋਂ ਫੇਰ ਸ਼ੁਰੂ ਹੋ ਜਾਵੇਗਾ । ਵੱਖ ਵੱਖ ਪਾਰਟੀਆਂ ਦੇ ਕਈ ਪ੍ਰਮੁੱਖ ਉਮੀਦਵਾਰ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਨਗੇ । ਨਾਮਜ਼ਦਗੀਆਂ 14 ਮਈ ਤੱਕ ਭਰੀਆਂ ਜਾ ਸਕਣਗੀਆਂ । 15 ਮਈ ਨੂੰ ਇਨ੍ਹਾਂ ਦੀ ਪੜਤਾਲ ਕੀਤੀ ਜਾਵੇਗੀ ਅਤੇ 17 ਮਈ ਨਾਮਜ਼ਦਗੀ ਵਾਪਸ ਲੈਣ ਦੀ ਆਖਰੀ ਤਾਰੀਖ ਏ । ਸੂਬੇ ਦੇ ਸਾਰੇ ਹੀ 13 ਲੋਕ ਸਭਾ ਹਲਕਿਆਂ ‘ਤੇ ਪਹਿਲੀ ਜੂਨ ਨੂੰ ਸਵੇਰੇ 7 ਤੋਂ ਸ਼ਾਮ 6 ਵਜੇ ਤੱਕ ਵੋਟਾਂ ਪੈਣਗੀਆਂ । ਬੀਤੀ 10 ਮਈ ਤਕ ਸਾਰੇ ਹੀ ਲੋਕਸਭਾ ਹਲਕਿਆਂ ਵਿਚ, 143 ਉਮੀਦਵਾਰਾਂ ਨੇ 163 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ ।

---

ਸ਼੍ਰੀ ਅਨੰਦਪੁਰ ਸਾਹਿਬ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸੁਭਾਸ਼ ਸ਼ਰਮਾ, ਅੱਜ ਮੋਰਿੰਡਾ ਇਲਾਕੇ ਦੇ ਵੱਖ-ਵੱਖ ਧਾਰਮਿਕ ਸਥਾਨਾਂ 'ਤੇ ਨਤਮਸਤਕ ਹੋਏ ਅਤੇ ਉਨ੍ਹਾਂ ਮੋਰਿੰਡਾ ਵਿੱਚ ਆਪਣਾ ਚੋਣ ਦਫਤਰ ਵੀ ਖੋਲਿਆ ਗਿਆ । ਉਹਨਾਂ ਛੋਟੇ ਸਾਹਿਬਜ਼ਾਦਿਆਂ ਦੇ ਨਾਲ ਸੰਬੰਧਿਤ ਇਤਿਹਾਸਿਕ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਵਿਖੇ ਮੱਥਾ ਟੇਕਿਆ। ਉਹਨਾਂ ਕਿਹਾ ਕਿ BJP ਦੀ ਮੁੜ ਤੋਂ ਕੇਂਦਰ ਵੀ ਸਰਕਾਰ ਬਣਨ ਤੇ ਸਾਹਿਬਜ਼ਾਦਿਆਂ ਦੇ ਨਾਮ ਦੇ ਉੱਪਰ ਮੋਰਿੰਡਾ ਇਲਾਕੇ ਦੇ ਵਿੱਚ ਇੱਕ ਵੱਡਾ ਗੇਟ ਵੀ ਬਣਾਇਆ ਜਾਵੇਗਾ । ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਛੋਟੇ ਸਾਹਿਬਜ਼ਾਦਿਆਂ ਪ੍ਰਤੀ ਬਹੁਤ ਆਸਥਾ ਰੱਖਦੇ ਨੇ ।

---------------------------------------------------------

ਪੰਜਾਬ ਕਾਂਗਰਸ ਦੇ ਪ੍ਰਧਾਨ ਅਤੇ ਲੁਧਿਆਣਾ ਲੋਕ ਸਭਾ ਸੀਟ ਦੇ ਉਮੀਦਵਾਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਅੱਜ ਲੁਧਿਆਣਾ ਜ਼ਿਲੇ ਦੀਆਂ ਕਈ ਅਹਿਮ ਥਾਵਾਂ ਦਾ ਦੌਰਾ ਕਰਕੇ ਆਪਣੀ ਚੋਣ ਮੁਹਿੰਮ ਨੂੰ ਅੱਗੇ ਵਧਾਇਆ। ਚੋਣ ਮੁਹਿੰਮ ਬਾਰੇ ਬੋਲਦਿਆਂ ਰਾਜਾ ਵੜਿੰਗ ਨੇ ਕਿਹਾ ਕਿ ਉਨ੍ਹਾਂ ਦੀ ਕੋਸ਼ਿਸ਼ ਲੋਕਾਂ ਅਤੇ ਉਨ੍ਹਾਂ ਦੇ ਨੁਮਾਇੰਦਿਆਂ ਵਿਚਕਾਰ ਦੂਰੀ ਨੂੰ ਘੱਟ ਕਰਨਾ ਅਤੇ ਇਹ ਯਕੀਨੀ ਬਣਾਉਣਾ ਏ ਕਿ ਹਰ ਆਵਾਜ਼ ਸੁਣੀ

ਜਾਵੇ ਅਤੇ ਹਰ ਮੁੱਦੇ ਨੂੰ ਹੱਲ ਕੀਤਾ ਜਾਵੇ। ਉਨ੍ਹਾਂ ਲੁਧਿਆਣਾ ਸਿਰਫ ਇੱਕ ਲੋਕ ਸਭਾ ਹਲਕਾ ਨਹੀਂ ਏ , ਸਗੋਂ ਇਹ ਵੱਖ-ਵੱਖ ਸੱਭਿਆਚਾਰਾਂ ਦਾ ਇੱਕ ਮੇਲ ਏ ਅਤੇ ਉਹ ਸੰਸਦੀ ਮੰਚ ਤੇ ਲੁਧਿਆਣਾ ਦੇ ਹਿੱਤਾਂ ਦੀ ਵਕਾਲਤ ਕਰਨ ਵਾਸਤੇ ਉਤਸੁਕ ਨੇ।

---

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਲੁਧਿਆਣਾ ਤੋਂ ਸੰਸਦ ਮੈਂਬਰ ਰਵਨੀਤ ਸਿੰਘ ਬਿੱਟੂ ਵੱਲੋਂ ਦਰਜ ਕਰਵਾਈ ਸ਼ਿਕਾਇਤ ਬਾਰੇ ਪੰਜਾਬ ਸਥਾਨਕ ਸਰਕਾਰਾਂ ਵਿਭਾਗ ਦੇ ਪ੍ਰਮੁੱਖ ਸਕੱਤਰ ਤੋਂ ਰਿਪੋਰਟ ਮੰਗੀ ਏ। ਇਸ ਸ਼ਿਕਾਇਤ ਵਿੱਚ ਰਵਨੀਤ ਸਿੰਘ ਬਿੱਟੂ ਦਾ ਕਹਿਣਾ ਏ ਕਿ ਨਗਰ ਨਿਗਮ ਕਮਿਸ਼ਨਰ ਨੇ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਉਨ੍ਹਾਂ ਨੂੰ ਨੋ ਡਿਊ ਸਰਟੀਫਿਕੇਸ਼ਨ -NDC ਜਾਰੀ ਨਹੀਂ ਕੀਤਾ ਅਤੇ ਆਪਣੇ ਅਧਿਕਾਰਾਂ ਦੀ ਦੁਰਵਰਤੋਂ ਕੀਤੀ ਏ। ਜ਼ਿਕਰਯੋਗ ਏ ਕਿ ਰਵਨੀਤ ਸਿੰਘ ਬਿੱਟੂ ਨੇ ਬਿਨੈ-ਪੱਤਰ ਜਮ੍ਹਾਂ ਕਰਨ ਦੇ 48 ਘੰਟਿਆਂ ਦੇ ਅੰਦਰ-ਅੰਦਰ ਲੁਧਿਆਣਾ ਦੇ ਮਿਉਂਸਪਲ ਕਮਿਸ਼ਨਰ ਵੱਲੋਂ NDC ਜਾਰੀ ਨਾ ਕੀਤੇ ਜਾਣ ਸਬੰਧੀ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਨੂੰ ਸ਼ਿਕਾਇਤ ਦਿੱਤੀ ਸੀ, ਕਿ ਐਨ.ਡੀ.ਸੀ ਜਾਰੀ ਨਾ ਹੋਣ

ਕਰਕੇ ਲੋਕ ਸਭਾ ਚੋਣਾਂ 2024 ਵਿੱਚ ਹਿੱਸਾ ਲੈਣ ਲਈ ਉਨ੍ਹਾਂ ਦੀ ਯੋਗਤਾ ਵਿੱਚ ਰੁਕਾਵਟ ਪਈ ਏ। ਇਸ ਮਾਮਲੇ 'ਤੇ ਤੁਰੰਤ ਕਾਰਵਾਈ ਕਰਦਿਆਂ ਮੁੱਖ ਚੋਣ ਅਧਿਕਾਰੀ ਨੇ ਪ੍ਰਮੁੱਖ ਸਕੱਤਰ ਨੂੰ ਜਲਦੀ ਜਾਂਚ ਕਰਕੇ ਰਿਪੋਰਟ ਪੇਸ਼ ਕਰਨ ਲਈ ਲਿਖਿਆ ਏ ਤਾਂ ਜੋ ਚੋਣ ਕਮਿਸ਼ਨ ਨੂੰ ਇਸ ਮਾਮਲੇ ਸਬੰਧੀ ਜਾਣੂ ਕਰਵਾਇਆ ਜਾ ਸਕੇ।

-----------------------------------------------

ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿੱਚ ਲੋਕਸਭਾ ਚੋਣਾਂ ਨੂੰ ਲੈ ਕੇ, ਚੋਣ ਕਮਿਸ਼ਨ ਦੇ ਸਵੀਪ ਪ੍ਰੋਗਰਾਮ ਤਹਿਤ ਵੋਟਰਾਂ ਨੂੰ ਜਾਗਰੂਕ ਕਰਨ ਲਈ ਕਈ ਉਪਰਾਲੇ ਕੀਤੇ ਜਾ ਰਹੇ ਨੇ। ਇਸੇ ਤਹਿਤ ਮਾਲੇਰਕੋਟਲਾ ਦੇ ਜ਼ਿਲਾ ਚੋਣ ਅਧਿਕਾਰੀ ਡਾਕਟਰ ਪੱਲਵੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ, ਸਕੂਲੀ ਬੱਚਿਆਂ ਨੇ ਨੁੱਕੜ ਨਾਟਕ ਦੀ ਸ਼ਾਨਦਾਰ ਪੇਸ਼ਕਾਰੀ ਨਾਲ ਵੋਟ ਪਾਉਣ ਦਾ ਸੁਨੇਹਾ ਸਾਰੀਆਂ ਤਕ ਪਹੁੰਚਾਇਆ।

-----------------------------------------------

ਫਜ਼ਿਲਕਾ ਜਿਲੇ ਵਿੱਚ ਸਵੀਪ ਪ੍ਰੋਗਰਾਮ ਤਹਿਤ ਵੋਟਰ ਜਾਗਰੂਕਤਾ ਲਈ ਇੱਕ ਨਵੇਕਲੀ ਪਹਿਲ ਕੀਤੀ ਗਈ ਏ, ਜਿਸ ਦੇ ਤਹਿਤ ਰਸੋਈ

ਗੈਸ ਸਿਲੰਡਰਾਂ 'ਤੇ ਵੋਟਰ ਜਾਗਰੂਕਤਾ ਸਟੀਕਰ ਚਿਪਕਾਏ ਜਾ ਰਹੇ ਨੇ। ਇਹ ਗੈਸ ਸਿਲਿੰਡਰ ਜਦੋਂ ਏਜੰਸੀ ਤੋਂ ਲੋਕਾਂ ਦੇ ਘਰਾਂ ਵਿੱਚ ਜਾਂਦੇ ਨੇ ਤਾਂ ਇਹਨਾਂ ਨਾਲ ਲੋਕਾਂ ਵਿੱਚ ਵੋਟ ਦੇ ਮਹੱਤਵ ਪ੍ਰਤੀ ਜਾਗਰੂਕਤਾ ਵਧੇਗੀ। ਜਿਲਾ ਚੋਣਾਂ ਅਫਸਰ ਡਾਕਟਰ ਸੇਨੂ ਦੁੱਗਲ ਨੇ ਦੱਸਿਆ ਕਿ ਵੋਟਿੰਗ ਵਿੱਚ ਵੱਧ ਤੋਂ ਵੱਧ ਲੋਕ ਭਾਗ ਲੈਣ ਅਤੇ ਹਰੇਕ ਯੋਗ ਵੋਟਰ ਆਪਣੇ ਵੋਟ ਹੱਕ ਦਾ ਇਸਤੇਮਾਲ ਕਰੇ, ਇਸ ਲਈ ਸਵੀਪ ਪ੍ਰੋਗਰਾਮ ਦੇ ਤਹਿਤ ਜ਼ਿਲ੍ਹੇ ਵਿੱਚ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਏ। ਇਸ ਤੋਂ ਬਿਨਾਂ ਬੱਸਾਂ ਅਤੇ ਵੱਖ ਵੱਖ ਥਾਵਾਂ ਤੇ ਦਫਤਰਾਂ ਵਿੱਚ ਜਾਂ ਹੋਰ ਮਹੱਤਵਪੂਰਨ ਥਾਵਾਂ ਤੇ ਵੀ ਅਜਿਹੇ ਸਟੀਕਰ ਲਗਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਏ ।

-----------------------------------------------------------

ਏਧਰ ਫ਼ਰੀਦਕੋਟ ਜ਼ਿਲੇ ਅੰਦਰ ਸਵੀਪ ਟੀਮ ਬਾਬਾ ਫ਼ਰੀਦ ਪਬਲਿਕ ਸਕੂਲ ਫ਼ਰੀਦਕੋਟ ਵਿਖੇ ਪਹੁੰਚੀ । ਸਕੂਲ ਦੇ ਵਾਈਸ ਪ੍ਰਿੰਸੀਪਲ ਹਰ ਸਿਮਰਨਜੀਤ ਕੌਰ ਨੇ ਕਿਹਾ ਲੋਕਤੰਤਰ ਦੀ ਮਜ਼ਬੂਤੀ ਵਾਸਤੇ ਦੇਸ਼ ਦੇ ਹਰ ਯੋਗ ਨਾਗਰਿਕ ਨੂੰ ਵੋਟ ਦੇ ਅਧਿਕਾਰ ਦੀ ਵਰਤੋਂ ਕਰਨੀ ਚਾਹੀਦੀ ਏ । ਉਨ੍ਹਾਂ ਦੱਸਿਆ ਸਕੂਲ ਅੰਦਰ ਵਿਦਿਆਰਥੀਆਂ ਨੂੰ ਵੱਖ-ਵੱਖ

ਗਤੀਵਿਧੀਆਂ ਨਾਲ ਜੋੜ ਕੇ ਵੋਟ ਦੇ ਹੱਕ ਲਈ ਨਿਰੰਤਰ ਪ੍ਰੇਰਿਤ ਕੀਤਾ ਜਾ ਰਿਹਾ ਏ। ਸਵੀਪ ਬਾਰੇ ਜ਼ਿਲਾ ਨੋਡਲ ਅਫ਼ਸਰ ਪ੍ਰਦੀਪ ਦਿਓੜਾ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਡੇ ਪੰਜਾਬ ਰਾਜ ਵਿੱਚ 1 ਜੂਨ ਨੂੰ ਡਰ, ਭੈ, ਲਾਲਚ, ਧਰਮ, ਵਰਗ, ਜਾਤੀ, ਭਾਈਚਾਰੇ, ਭਾਸ਼ਾ ਜਾ ਹੋਰ ਕਿਸੇ ਵੀ ਲਾਲਚ ਦੇ ਪ੍ਰਭਾਵ ਤੋਂ ਬਿਨ੍ਹਾਂ, ਸਭ ਤੋਂ ਪਹਿਲਾਂ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨੀ ਚਾਹੀਦੀ ਏ।

----------------------------------------------------------

ਚੋਣ ਕਮਿਸ਼ਨ ਵੱਲੋਂ ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ " ਨੋ ਵੋਟਰ ਟੂ ਬੀ ਲੈਫਟ ਬੀਹਾਈਂਡ" ਮੁਹਿੰਮ ਚਲਾਈ ਗਈ ਏ, ਜਿਸ ਦਾ ਮੁੱਖ ਮਕਸਦ ਏ ਕਿ ਕੋਈ ਵੀ ਵੋਟਰ ਵੋਟ ਪਾਉਣ ਤੋਂ ਵਾਂਝਾ ਨਾ ਰਹੇ। ਫਰੀਦਕੋਟ ਦੇ ਸਹਾਇਕ ਰਿਟਰਨਿੰਗ ਅਫਸਰ ਵਰੁਣ ਕੁਮਾਰ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਕਸ਼ਮੀਰੀ ਪ੍ਰਵਾਸੀ ਵੋਟਰ ਜੋ ਪੰਜਾਬ ਵਿੱਚ ਰਹਿ ਰਹੇ ਨੇ, ਉਹ ਆਨਲਾਈਨ ਫਾਰਮ - M ਅਤੇ ਫਾਰਮ-12-C ਰਾਹੀਂ ਪੋਸਟਲ ਬੈਲਟ ਪੇਪਰ ਦੁਆਰਾ ਆਪਣੀ ਵੋਟ ਪਾ ਸਕਦੇ ਨੇ।

------------------------------------------------------------

ਅੱਜ ਦੁਨੀਆ ਭਰ 'ਚ 'ਮਾਂ ਦਿਵਸ' ਮਨਾਇਆ ਜਾ ਰਿਹਾ ਏ । ਇਹ ਦਿਹਾੜਾ ਹਰ ਸਾਲ ਮਈ ਦੇ ਦੂਜੇ ਐਤਵਾਰ ਨੂੰ ਮਨਾਇਆ ਜਾਂਦਾ ਏ। ਮਾਂ ਪ੍ਰਮਾਤਮਾ ਵੱਲੋਂ ਦਿੱਤਾ ਗਿਆ ਤੋਹਫ਼ਾ ਏ, ਜਿਸ ਦੀ ਜੜ੍ਹ, ਦਇਆ, ਪਾਲਣ ਪੋਸ਼ਣ ਅਤੇ ਬੇਅੰਤ ਕੁਰਬਾਨੀਆਂ ਨਾਲ ਜੁੜੀ ਹੋਈ ਏ, ਜੋ ਘਰ ਨੂੰ ਨਿੱਘ ਅਤੇ ਅਸੀਸਾਂ ਦਾ ਸਥਾਨ ਬਣਾਉਂਦੀ ਏ। ਮਾਂ ਦਿਵਸ ਬਹੁਤ ਮਹੱਤਵ ਰੱਖਦਾ ਏ, ਕਿਉਂਕਿ ਇਹ ਉਹਨਾਂ ਦੀ ਹੋਂਦ ਦਾ ਜਸ਼ਨ, ਉਹਨਾਂ ਦੁਆਰਾ ਝੱਲਣ ਵਾਲੀਆਂ ਮੁਸ਼ਕਲਾਂ ਅਤੇ ਉਹਨਾਂ ਵਲੋਂ ਨਿਭਾਏ ਫਰਜ਼ਾਂ ਲਈ ਹਰ ਮਾਂ ਦਾ ਸਨਮਾਨ ਅਤੇ ਧੰਨਵਾਦ ਕਰਨ ਲਈ ਮਨਾਇਆ ਜਾਂਦਾ ਏ । ਮਾਂ ਦਿਵਸ ਪਹਿਲੀ ਵਾਰ ਸਾਲ 1908 ਵਿੱਚ ਮਨਾਇਆ ਗਿਆ ਸੀ। ਇਸ ਮੌਕੇ ਬਠਿੰਡਾ ਸਥਿਤ ਪੁਲਿਸ ਪਬਲਿਕ ਸਕੂਲ ਵਿਖੇ ਵਿਸ਼ੇਸ਼ ਪ੍ਰਾਰਥਨਾ ਸਭਾ ਕਰਵਾਈ ਗਈ। 6ਵੀਂ ਤੋਂ ਲੈਕੇ 8ਵੀਂ ਜਮਾਤ ਦੇ ਵਿਦਿਆਰਥੀਆਂ ਨੇ ਭਾਸ਼ਣ, ਕਵਿਤਾ, ਸਕਿੱਟ ਅਤੇ ਨ੍ਰਿਤ ਦੀ ਪੇਸ਼ਕਾਰੀ ਕੀਤੀ ।

------------------------------------------------------------

ਬੀ.ਐਸ.ਐਫ ਨੇ ਅੰਮ੍ਰਿਤਸਰ ਜ਼ਿਲੇ ਚੋਂ ਸਰਹੱਦੀ ਸੁਰੱਖਿਆ ਵਾੜ ਨੇੜਿਓਂ 498 ਗ੍ਰਾਮ ਹੈਰੋਇਨ ਸਮੇਤ ਇੱਕ ਡਰੋਨ ਬਰਾਮਦ ਕੀਤਾ ਏ।

ਬੀਤੀ ਰਾਤ ਦੇ ਸਮੇਂ ਦੌਰਾਨ, ਡਿਊਟੀ 'ਤੇ ਤਾਇਨਾਤ ਬੀ.ਐਸ.ਐਫ ਦੇ ਜਵਾਨਾਂ ਨੇ ਜ਼ਿਲ੍ਹਾ ਅੰਮ੍ਰਿਤਸਰ 'ਚ ਸਰਹੱਦੀ ਖੇਤਰ 'ਤੇ ਇੱਕ ਡਰੋਨ ਦੀ ਆਵਾਜਾਈ ਨੂੰ ਰੋਕਿਆ। ਤੁਰੰਤ ਕਾਰਵਾਈ ਕਰਦਿਆਂ ਕੀਤੀ ਗਈ ਖੋਜ ਦੌਰਾਨ ਰਾਤ ਕਰੀਬ 11 ਵੱਜਕੇ 40 ਮਿੰਟ ਤੇ ਜਵਾਨਾਂ ਨੇ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਹਵੇਲੀਆਂ ਦੇ ਇੱਕ ਖੇਤ ਵਿੱਚ ਸਰਹੱਦੀ ਸੁਰੱਖਿਆ ਵਾੜ ਕੋਲੋਂ 498 ਗ੍ਰਾਮ ਹੈਰੋਇਨ ਸਮੇਤ ਇੱਕ ਡਰੋਨ ਬਰਾਮਦ ਕੀਤਾ। ਹੈਰੋਇਨ ਨੂੰ ਪੀਲੀ ਚਿਪਕਣ ਵਾਲੀ ਟੇਪ ਨਾਲ ਲਪੇਟਿਆ ਗਿਆ ਸੀ ਅਤੇ ਇਸ ਨਾਲ ਇੱਕ ਬੈਟਰੀ ਅਤੇ ਇੱਕ ਨਾਈਲੋਨ ਲੂਪ ਜੁੜਿਆ ਹੋਇਆ ਸੀ। ਬਰਾਮਦ ਕੀਤਾ ਗਿਆ ਡਰੋਨ ਚੀਨ ਦਾ ਬਣਿਆ ਹੋਇਆ ਏ।

--------------------------------------------------------

ਭਾਰਤੀ ਜਨਤਾ ਪਾਰਟੀ ਦੇ ਸੂਬਾਈ ਸੀਨੀਅਰ ਮੀਤ ਪ੍ਰਧਾਨ ਅਤੇ ਸਾਬਕਾ ਸੰਸਦੀ ਸਕੱਤਰ ਜਗਦੀਪ ਸਿੰਘ ਨਕੱਈ ਇਫ਼ਕੋ ਦੇ ਦੂਜੀ ਵਾਰ ਡਾਇਰੈਕਟਰ ਚੁਣੇ ਗਏ ਨੇ। ਦੇਸ਼ ਪੱਧਰੀ ਹੋਈ ਇਸ ਚੋਣ ਵਿੱਚ ਜਗਦੀਪ ਸਿੰਘ ਨਕੱਈ ਨੂੰ ਬਿਨਾ ਮੁਕਾਬਲੇ ਚੁਣਿਆ ਗਿਆ ਏ।